SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 71 | Tuesday, April 11, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਚੋਣਾਂ ਵਿੱਚ ਵਿਦੇਸ਼ੀ ਦਖਲ ਬਾਰੇ ਸ਼ੁੱਕਰਵਾਰ ਨੂੰ ਕਮੇਟੀ ਸਾਹਮਣੇ ਪੇਸ਼ ਹੋਵੇਗੀ ਟੈਲਫੋਰਡ



ਓਟਵਾ, 10 ਅਪਰੈਲ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਚੀਫ ਆਫ ਸਟਾਫ ਕੇਟੀ ਟੈਲਫੋਰਡ, ਸ਼ੁੱਕਰਵਾਰ ਨੂੰ ਪਾਰਲੀਆਮੈਂਟਰੀ ਕਮੇਟੀ ਸਾਹਮਣੇ ਪੇਸ਼ ਹੋਵੇਗੀ।

ਪ੍ਰਧਾਨ ਮੰਤਰੀ ਦੇ ਆਫਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਟੈਲਫੋਰਡ ਕੈਨੇਡੀਅਨ ਚੋਣਾਂ ਵਿੱਚ ਵਿਦੇਸ਼ੀ ਦਖਲ ਦੇ ਮੁੱਦੇ ਉੱਤੇ ਪ੍ਰੋਸੀਜ਼ਰ ਤੇ ਹਾਊਸ ਅਫੇਅਰਜ਼ ਕਮੇਟੀ ਸਾਹਮਣੇ ਗਵਾਹੀ ਦੇਵੇਗੀ।ਆਫਿਸ ਨੇ ਇਹ ਵੀ ਆਖਿਆ ਕਿ ਅਜੇ ਇਸ ਸਬੰਧ ਵਿੱਚ ਕੋਈ ਪੱਕਾ ਸਮਾਂ ਨਹੀਂ ਦੱਸਿਆ ਗਿਆ ਹੈ। ਟੈਲਫੋਰਡ ਨੇ ਪਿਛਲੇ ਮਹੀਨੇ ਕਮੇਟੀ ਨਾਲ ਮੁਲਾਕਾਤ ਕਰਨ ਉੱਤੇ ਸਹਿਮਤੀ ਦਿੱਤੀ ਸੀ।ਪਰ ਲਿਬਰਲਾਂ ਵੱਲੋਂ ਕਈ ਤਰ੍ਹਾਂ ਦੇ ਅੜਿੱਕੇ ਪਾ ਕੇ ਉਸ ਦੀ ਸੁਣਵਾਈ ਟਾਲੀ ਜਾਂਦੀ ਰਹੀ।

ਉਸ ਸਮੇਂ ਐਨਡੀਪੀ ਆਗੂ ਜਗਮੀਤ ਸਿੰਘ ਨੇ ਆਖਿਆ ਸੀ ਕਿ ਜੇ ਸਰਕਾਰ ਇਸ ਮਾਮਲੇ ਵਿੱਚ ਖੁਦ ਸਹਿਮਤ ਨਹੀਂ ਹੁੰਦੀ ਤਾਂ ਟੈਲਫੋਰਡ ਨੂੰ ਗਵਾਹੀ ਦੇਣ ਲਈ ਕੰਜ਼ਰਵੇਟਿਵਾਂ ਵੱਲੋਂ ਲਿਆਂਦੇ ਮਤੇ ਦਾ ਐਨਡੀਪੀ ਸਮਰਥਨ ਕਰੇਗੀ।

## ਓਲਡ ਨੈਸ਼ਨਲ ਬੈਂਕ ਵਿੱਚ ਦਾਖਲ ਹੋ ਕੇ ਬੈਂਕ ਕਰਮਚਾਰੀ ਨੇ ਚਲਾਈਆਂ ਗੋਲੀਆਂ, 4 ਹਲਾਕ



ਲੂਈਵਿੱਲ, 10 ਅਪਰੈਲ (ਪੋਸਟ ਬਿਊਰੋ) : ਸੋਮਵਾਰ ਸਵੇਰੇ ਆਪਣੇ ਕੰਮ ਵਾਲੀ ਥਾਂ ਉੱਤੇ ਪਹੁੰਚ ਕੇ ਇੱਕ 23 ਸਾਲਾ ਬੈਂਕ ਕਰਮਚਾਰੀ ਨੇ ਰਾਈਫਲ ਨਾਲ ਅੰਨ੍ਹੇਵਾਹ ਗੋਲੀਆਂ ਚਲਾ ਕੇ ਚਾਰ ਵਿਅਕਤੀਆਂ ਦੀ ਜਾਨ ਲੈ ਲਈ। ਇੱਥੇ ਹੀ ਬੱਸ ਨਹੀਂ ਉਸ ਨੇ ਇਸ ਸਾਰੇ ਹਮਲੇ ਨੂੰ ਲਾਈਵਸਟ੍ਰੀਮ ਵੀ ਕੀਤਾ। ਇਸ ਹਮਲੇ ਵਿੱਚ ਗਵਰਨਰ ਦਾ ਨਜ਼ਦੀਕੀ ਦੋਸਤ ਵੀ ਮਾਰਿਆ ਗਿਆ।

ਲੂਈਵਿੱਲ ਦੇ ਮੇਅਰ ਕ੍ਰੇਗ ਗ੍ਰੀਨਬਰਗ ਨੇ ਆਖਿਆ ਕਿ ਇਹ ਹਿੰਸਾ ਦਾ ਘਿਨਾਉਣਾ ਕਾਰਾ ਸੀ। ਜ਼ਿਕਰਯੋਗ ਹੈ ਕਿ ਇਸ ਸਾਲ ਦੇਸ਼ ਵਿੱਚ ਸ਼ੂਟਿੰਗ ਦੀ ਵਾਪਰੀ ਇਹ 15ਵੀਂ ਘਟਨਾ ਹੈ ਤੇ ਇਹ ਉਸ ਘਟਨਾ ਤੋਂ ਦੋ ਹਫਤੇ ਬਾਅਦ ਹੋਈ ਹੈ ਜਦੋਂ ਇੱਥੋਂ 260 ਕਿਲੋਮੀਟਰ ਦੂਰ ਦੱਖਣ ਵੱਲ ਨੈਸ਼ਵਿੱਲ, ਟੈਨੇਸੀ ਵਿੱਚ ਕ੍ਰਿਸਚੀਅਨ ਐਲੀਮੈਂਟਰੀ ਸਕੂਲ ਵਿੱਚ ਸਾਬਕਾ ਵਿਦਿਆਰਥਣ ਨੇ ਤਿੰਨ ਬੱਚਿਆਂ ਤੇ ਤਿੰਨ ਬਾਲਗਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ।

ਨਿਊਜ਼ ਕਾਨਫਰੰਸ ਵਿੱਚ ਲੂਈਵਿੱਲ ਮੈਟਰੋਪੁਲਿਸ ਡਿਪਾਰਟਮੈਂਟ ਚੀਫ ਜੈਕਲੀਨ ਗਵਿੰਨ-ਵਿੱਲਾਰੋਇਲ ਨੇ ਦੱਸਿਆ ਕਿ ਜਿੰਨੇ ਚਿਰ ਨੂੰ ਪੁਲਿਸ ਮੌਕੇ ਉੱਤੇ ਪਹੁੰਚੀ ਓਨੀ ਦੇਰ ਓਲਡ ਨੈਸ਼ਨਲ ਬੈਂਕ ਦੇ ਅੰਦਰ ਗੋਲੀਆਂ ਚੱਲ ਰਹੀਆਂ ਸਨ। ਬਾਅਦ ਵਿੱਚ ਪੁਲਿਸ ਨਾਲ ਭਿੜਦੇ ਹੋਏ ਮੁਕਾਬਲੇ ਵਿੱਚ ਗੋਲੀ ਲੱਗਣ ਕਾਰਨ ਸ਼ੂਟਰ ਦੀ ਮੌਤ ਹੋ ਗਈ। ਮਸ਼ਕੂਕ ਨੇ ਪੁਲਿਸ ਅਧਿਕਾਰੀਆਂ ਉੱਤੇ ਵੀ ਗੋਲੀ ਚਲਾਈ ਤੇ ਜਵਾਬੀ ਕਾਰਵਾਈ ਵਿੱਚ ਉਹ ਮਾਰਿਆ ਗਿਆ।

ਚੀਫ ਨੇ ਦੱਸਿਆ ਕਿ ਹਮਲਾਵਰ ਦੀ ਸ਼ਨਾਖਤ ਕੌਨਰ ਸਟਰਜਨ ਵਜੋਂ ਹੋਈ ਹੈ ਤੇ ਉਹ ਹਮਲੇ ਨੂੰ ਲਾਈਵਸਟ੍ਰੀਮ ਕਰ ਰਿਹਾ ਸੀ। ਉਨ੍ਹਾਂ ਆਖਿਆ ਕਿ ਸਾਨੂੰ ਆਸ ਹੈ ਕਿ ਅਸੀਂ ਇਸ ਫੁਟੇਜ ਨੂੰ ਹਟਾ ਦੇਵਾਂਗੇ। ਯੂਨੀਵਰਸਿਟੀ ਆਫ ਲੂਈਵਿੱਲ ਹਾਸਪਿਟਲ ਦੀ ਤਰਜ਼ਮਾਨ ਹੈਦਰ ਫਾਊਨਟੇਨ ਨੇ ਇੱਕ ਈਮੇਲ ਵਿੱਚ ਦੱਸਿਆ ਕਿ ਦੋ ਪੁਲਿਸ ਅਧਿਕਾਰੀਆਂ ਸਮੇਤ ਨੌਂ ਵਿਅਕਤੀਆਂ ਦਾ ਇਲਾਜ ਕੀਤਾ ਗਿਆ। ਪੁਲਿਸ ਚੀਫ ਨੇ ਦੱਸਿਆ ਕਿ 31 ਮਾਰਚ ਨੂੰ ਪੁਲਿਸ ਅਕੈਡਮੀ ਤੋਂ ਗ੍ਰੈਜੂਏਟ ਹੋਏ 26 ਸਾਲਾ ਪੁਲਿਸ ਅਧਿਕਾਰੀ ਦੇ ਸਿਰ ਵਿੱਚ ਗੋਲੀ ਲੱਗਣ ਕਾਰਨ ਉਸ ਦੀ ਹਾਲਤ ਨਾਜ਼ੁਕ ਹੈ ਤੇ ਉਸ ਦਾ ਆਪਰੇਸ਼ਨ ਕੀਤਾ ਜਾ ਰਿਹਾ ਹੈ। ਤਿੰਨ ਮਰੀਜ਼ਾਂ ਨੂੰ ਇਲਾਜ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ।ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਇਸ ਹਫਤੇ ਟੋਰਾਂਟੋ ਵਿੱਚ 25 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਹੈ ਤਾਪਮਾਨ



ਓਨਟਾਰੀਓ, 10 ਅਪਰੈਲ (ਪੋਸਟ ਬਿਊਰੋ) : ਦੱਖਣੀ ਓਨਟਾਰੀਓ ਵਿੱਚ ਇਸ ਹਫਤੇ ਗਰਮ ਮੌਸਮ ਦੀ ਝਲਕ ਵੇਖਣ ਨੂੰ ਮਿਲ ਸਕਦੀ ਹੈ। ਕੀਤੀ ਗਈ ਪੇਸ਼ੀਨਿਗੋਈ ਤੋਂ ਸਾਹਮਣੇ ਆਇਆ ਹੈ ਕਿ ਪ੍ਰੋਵਿੰਸ ਦਾ ਤਾਪਮਾਨ ਇਸ ਵਾਰੀ ਨਵੇਂ ਰਿਕਾਰਡ ਕਾਇਮ ਕਰੇਗਾ।

ਐਨਵਾਇਰਮੈਂਟ ਐਂਡ ਕਲਾਈਮੇਟ ਚੇਂਜ ਕੈਨੇਡਾ ਅਨੁਸਾਰ ਦੱਖਣੀ ਓਨਟਾਰੀਓ ਦੇ ਕਈ ਰੀਜਨਜ਼, ਜਿਨ੍ਹਾਂ ਵਿੱਚ ਵਿੰਡਸਰ, ਲੰਡਨ, ਟੋਰਾਂਟੋ, ਕਿਚਨਰ ਆਦਿ ਸ਼ਾਮਲ ਹਨ, ਵਿੱਚ ਆਉਣ ਵਾਲੇ ਹਫਤੇ ਵਿੱਚ ਤਾਪਮਾਨ 27 ਡਿਗਰੀ ਸੈਲਸੀਅਸ ਤੱਕ ਅੱਪੜਨ ਦੀ ਸੰਭਾਵਨਾ ਹੈ। ਪ੍ਰੋਵਿੰਸ ਵਿੱਚ ਬਹੁਤੀਆਂ ਥਾਂਵਾਂ ਉੱਤੇ ਪੂਰਾ ਹਫਤਾ ਆਸਮਾਨ ਸਾਫ ਰਹੇਗਾ ਤੇ ਧੁੱਪ ਖਿੜੀ ਰਹੇਗੀ। ਬੁੱਧਵਾਰ ਨੂੰ ਟੋਰਾਂਟੋ ਤੇ ਇਸ ਦੇ ਨੇੜਲੇ ਕੁੱਝ ਇਲਾਕਿਆਂ ਵਿੱਚ ਹਲਕਾ ਮੀਂਹ ਪੈਣ ਦੀ ਸੰਭਾਵਨਾ ਹੈ।

ਟੋਰਾਂਟੋ ਵਿੱਚ ਇਸ ਹਫਤੇ ਦੀ ਸ਼ੁਰੂਆਤ, ਸੋਮਵਾਰ ਤੋਂ 18 ਡਿਗਰੀ ਸੈਲਸੀਅਸ ਤਾਪਮਾਨ ਨਾਲ ਹੋਵੇਗੀ ਤੇ ਇਸ ਤੋਂ ਬਾਅਦ ਗਰਮੀ ਵੱਧਦੀ ਜਾਵੇਗੀ। ਵੀਰਵਾਰ ਦਾ ਦਿਨ ਹਫਤੇ ਦਾ ਸੱਭ ਤੋਂ ਗਰਮ ਦਿਨ ਹੋਵੇਗਾ ਜਦੋਂ ਤਾਪਮਾਨ ਸਿਟੀ ਵਿੱਚ 25 ਡਿਗਰੀ ਸੈਲਸੀਅਸ ਤੱਕ ਪਹੁੰਚ ਜਾਵੇਗਾ। ਸੋਮਵਾਰ ਦੀ ਰਾਤ ਨੂੰ ਤਾਪਮਾਨ ਸੱਤ ਡਿਗਰੀ ਸੈਲਸੀਅਸ ਰਹਿਣ ਦੀ ਪੇਸ਼ੀਨਿਗੋਈ ਕੀਤੀ ਗਈ ਹੈ। ਵੈਦਰ ਨੈੱਟਵਰਕ ਅਨੁਸਾਰ 11 ਤੋਂ 14 ਅਪਰੈਲ ਤੱਕ ਹੀਟ ਰਿਕਾਰਡ ਵੀ ਟੁੱਟ ਸਕਦਾ ਹੈ। 14 ਅਪਰੈਲ ਨੂੰ ਤਾਪਮਾਨ ਰਿਕਾਰਡ ਤੋੜਨ ਵਾਲਾ ਰਹੇਗਾ।

### ਦੋ ਗੱਡੀਆਂ ਦੀ ਟੱਕਰ ਵਿੱਚ 1 ਹਲਾਕ, 3 ਜ਼ਖ਼ਮੀ

ਦਰਹਾਮ, 10 ਅਪਰੈਲ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਓਸ਼ਵਾ ਵਿੱਚ ਦੋ ਗੱਡੀਆਂ ਵਿਚਾਲੇ ਹੋਈ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਤਿੰਨ ਹੋਰ ਜ਼ਖ਼ਮੀ ਹੋ ਗਏ।ਜਾਂਚ ਲਈ ਪੁਲਿਸ ਵੱਲੋਂ ਹਾਓਡਨ ਤੇ ਰੈਗਲਨ ਰੋਡਜ਼ ਦਰਮਿਆਨ ਸਿਮਕੋਅ ਸਟਰੀਟ ਨੂੰ ਬੰਦ ਕਰ ਦਿੱਤਾ ਗਿਆ।

...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LEPAGE Flower City Realty

ON TIME HEATING COOLING & REFRIGERATION
ac - furnance - heat pump -
boilers - gasline - walk in cooler -
water heater
Fully licensed team and govt. rebate upto $8,000
SAURAVDEEP SINGH: 226-332-4040

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
Colour options available
Spring SALE with fresh deals
$1699*
$299
$299
$399
$2999*
$4499*
KitchenAid Maytag LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Open Saturday
Brampton, ON, L6P 3W4
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats
Cockroaches
Spiders & Fleas
Carpenter Ants
Bedbugs
Silver Fish
Wasps
Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਤਿਹਰੀ, ਪੰਜਾਬੀ ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅੱਪ
Best Rates For Lessons
ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਮੁਫਤ ਪਿਕਅਪ ਅਤੇ ਡਰਾਪ ਆਫ
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਘਰ ਵਿੱਚ ਕਾਰਬਨ ਮੋਨੋਆਕਸਾਈਡ ਦਾ ਪੱਧਰ ਵੱਧਣ ਤੋਂ ਬਾਅਦ ਬੇਹੋਸ਼ ਵਿਅਕਤੀ ਨੂੰ ਲਿਜਾਇਆ ਗਿਆ ਹਸਪਤਾਲ




ਟੋਰਾਂਟੋ, 10 ਅਪਰੈਲ (ਪੋਸਟ ਬਿਊਰੋ) : ਐਤਵਾਰ ਰਾਤ ਨੂੰ ਨੌਰਥ ਯੌਰਕ ਦੇ ਇੱਕ ਘਰ ਵਿੱਚ ਕਾਰਬਨ ਮੋਨੋਆਕਸਾਈਡ ਦਾ ਪੱਧਰ ਵੱਧ ਜਾਣ ਤੋਂ ਬਾਅਦ ਇੱਕ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ।

ਟੋਰਾਂਟੋ ਫਾਇਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਇੱਕ ਵਿਅਕਤੀ ਦੇ ਬੇਹੋਸ਼ ਹੋ ਜਾਣ ਤੋਂ ਬਾਅਦ ਸ਼ੈਪਰਡ ਐਵਨਿਊ ਵੈਸਟ ਤੇ ਹਾਈਵੇਅ 400 ਵਿੱਚ ਲੌਮਰ ਡਰਾਈਵ ਉੱਤੇ ਸਥਿਤ ਘਰ ਵਿੱਚ ਸੱਦਿਆ ਗਿਆ। ਫਾਇਰਫਾਈਟਰਜ਼ ਨੇ ਮੌਕੇ ਉੱਤੇ ਪਹੁੰਚਣ ਉਪਰੰਤ ਕਾਰਬਨ ਮੋਨੋਆਕਸਾਈਡ ਦਾ ਪੱਧਰ ਵਧਿਆ ਹੋਇਆ ਪਾਇਆ।

ਇਸ ਘਰ ਵਿੱਚੋਂ ਇੱਕ ਵਿਅਕਤੀ ਨੂੰ ਬੇਹੋਸ਼ੀ ਦੀ ਹਾਲਤ ਵਿੱਚ ਟੋਰਾਂਟੋ ਪੈਰਾਮੈਡਿਕਸ ਵੱਲੋਂ ਹਸਪਤਾਲ ਲਿਜਾਇਆ ਗਿਆ। ਇਸ ਦੌਰਾਨ ਘਰ ਵਿੱਚ ਰਹਿ ਰਹੇ ਚਾਰ ਹੋਰਨਾਂ ਲੋਕਾਂ ਨੂੰ ਵੀ ਘਰ ਤੋਂ ਬਾਹਰ ਕੱਢਿਆ ਗਿਆ ਤੇ ਮੌਕੇ ਉੱਤੇ ਹੀ ਉਨ੍ਹਾਂ ਦਾ ਇਲਾਜ ਕੀਤਾ ਗਿਆ। ਟੋਰਾਂਟੋ ਫਾਇਰ ਨੇ ਆਖਿਆ ਕਿ ਅਜੇ ਤੱਕ ਉਹ ਇਹ ਪਤਾ ਨਹੀਂ ਲਗਾ ਸਕੇ ਹਨ ਕਿ ਇਹ ਘਟਨਾ ਕਿਸ ਇਕਿਉਪਮੈਂਟ ਕਾਰਨ ਵਾਪਰੀ।

## ਗਰਭਪਾਤ ਦੀ ਗੋਲੀ ਦੇ ਫੈਸਲੇ ਕਾਰਨ ਦੋ ਅਮਰੀਕੀ ਅਦਾਲਤਾਂ ਵਿਚ ਵਿਵਾਦ




ਵਾਸ਼ਿੰਗਟਨ, 10 ਅਪ੍ਰੈਲ (ਪੋਸਟ ਬਿਊਰੋ): ਟੈਕਸਾਸ ਅਤੇ ਵਾਸ਼ਿੰਗਟਨ ਦੇ ਸੰਘੀ ਜੱਜਾਂ ਨੇ ਸ਼ੁੱਕਰਵਾਰ ਨੂੰ ਗਰਭਪਾਤ ਅਤੇ ਗਰਭਪਾਤ ਲਈ ਆਮ ਤੌਰ 'ਤੇ ਵਰਤੀ ਜਾਂਦੀ ਦਵਾਈ ਨੂੰ ਲੈ ਕੇ ਚੱਲ ਰਹੀ ਕਾਨੂੰਨੀ ਲੜਾਈ ਵਿਚ ਫੈਸਲੇ ਜਾਰੀ ਕਰਕੇ ਇਸ ਨੂੰ ਹੋਰ ਤੇਜ਼ ਕਰ ਦਿੱਤਾ ਹੈ। ਪਿਛਲੇ ਸਾਲ ਯੂਐਸ ਸੁਪਰੀਮ ਕੋਰਟ ਦੁਆਰਾ ਪ੍ਰਕਿਰਿਆ ਦੇ ਸੰਘੀ ਅਧਿਕਾਰਾਂ ਨੂੰ ਰੱਦ ਕਰਨ ਤੋਂ ਬਾਅਦ ਮਾਈਫੇਪ੍ਰਿਸਟੋਨ ਗੋਲੀਆਂ ਨੂੰ ਲੈ ਕੇ ਕਾਨੂੰਨੀ ਲੜਾਈ ਤੇਜ਼ ਹੋ ਗਈ ਹੈ।

ਗਰਭਪਾਤ ਦੀ ਗੋਲੀ ਸ਼ੁੱਕਰਵਾਰ ਨੂੰ ਦੋ ਵਿਰੋਧੀ ਸੰਘੀ ਅਦਾਲਤ ਦੇ ਫੈਸਲਿਆਂ ਦੇ ਕੇਂਦਰ ਵਿੱਚ ਸੀ। ਇੱਕ ਫੈਸਲੇ ਵਿੱਚ, ਟੈਕਸਾਸ ਵਿੱਚ ਇੱਕ ਸੰਘੀ ਜੱਜ ਨੇ ਨਿਆਂ ਵਿਭਾਗ ਨੂੰ ਅਪੀਲ ਕਰਨ ਲਈ ਸੱਤ ਦਿਨ ਦੇਣ ਲਈ ਗਰਭਪਾਤ ਦੀ ਗੋਲੀ ਦੀ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਦੀ ਮਨਜ਼ੂਰੀ ਨੂੰ ਰੋਕ ਦਿੱਤਾ ਅਤੇ ਸ਼ੁੱਕਰਵਾਰ ਦੀ ਰਾਤ ਨੂੰ, ਵਾਸ਼ਿੰਗਟਨ ਰਾਜ ਵਿੱਚ ਇੱਕ ਸੰਘੀ ਜੱਜ ਨੇ ਕਿਹਾ ਕਿ ਐਫਡੀਏ ਨੂੰ ਘੱਟੋ-ਘੱਟ 12 ਉਦਾਰ ਰਾਜਾਂ ਵਿੱਚ ਗਰਭਪਾਤ ਦੀ ਗੋਲੀ ਉਪਲਬਧ ਰੱਖਣੀ ਚਾਹੀਦੀ ਹੈ। ਗਰਭਪਾਤ ਦੀ ਗੋਲੀ "ਮਰਨਿੰਗ ਆਫਟਰ" ਗੋਲੀ ਤੋਂ ਵੱਖਰੀ ਹੈ, ਜੋ ਗਰਭਵਤੀ ਹੋਣ ਤੋਂ ਬਚਣ ਲਈ ਔਰਤ ਦੁਆਰਾ ਲਈ ਜਾਂਦੀ ਹੈ। ਇਸ ਵਿੱਚ ਪੂਰੀ ਪ੍ਰਕਿਰਿਆ ਵਿੱਚ ਇੱਕ ਤੋਂ ਵੱਧ ਗੋਲੀ ਸ਼ਾਮਲ ਹੁੰਦੀ ਹੈ।

## ਅੱਜ ਨਾਮਾ

ਬਾਹਲੀ ਖਬਰਾਂ ਦੀ ਤੇਜ਼ ਰਫਤਾਰ ਮਿੱਤਰ,
ਇੱਕ ਤੋਂ ਇੱਕ ਚੜ੍ਹਦਾ ਸਮਾਚਾਰ ਮਿੱਤਰ।
ਪਹਿਲੀ ਖਬਰ ਨਾਲ ਹਿੱਲਣ ਸਮਾਜ ਲੱਗੇ,
ਆਵੇ ਦੂਜੀ ਤਾਂ ਹਿੱਲਣ ਦਰਬਾਰ ਮਿੱਤਰ।
ਆਇਆ ਇੱਕ ਹੈ ਛੱਡ ਕੋਈ ਪਾਰਟੀ ਨੂੰ,
ਟੱਪਿਆ ਵਾੜ ਤੋਂਦੂਜਾ ਈ ਪਾਰ ਮਿੱਤਰ।
ਮੀਟਿੰਗ ਕਿਸੇ ਦੀ ਵਿੱਚ ਹੈ ਪਿਆ ਰੱਫੜ,
ਕਿਸੇ ਦਾ ਰੇੜਕਾ ਸੱਥ ਵਿਚਕਾਰ ਮਿੱਤਰ।
ਪਹਿਲੀ ਪੂਰੀ ਨਹੀਂ ਪੜ੍ਹੀ ਹੈ ਖਬਰ ਹੁੰਦੀ,
ਦੂਸਰੀ ਲੈਂਦੀ ਦਰਵਾਜ਼ੇ ਨੂੰ ਮੱਲ ਮਿੱਤਰ।
ਸੌਖਾ ਕਰਨਾ ਨਹੀਂ ਮਿੱਤਰ ਯਕੀਨ ਹੁੰਦਾ,
ਕਿਹੜੀ ਝੂਠ ਜਾਂ ਸੱਚੀ ਕੀ ਗੱਲ ਮਿੱਤਰ।

**ਤੀਸ ਮਾਰ ਖਾਂ**

## ਦੋ ਗੱਡੀਆਂ ਦੀ ਟੱਕਰ ਵਿੱਚ 1 ਹਲਾਕ, 3 ਜ਼ਖ਼ਮੀ



ਸਫਾ 1 ਦਾ ਬਾਕੀ

ਜ਼ਖ਼ਮੀਆਂ ਵਿੱਚੋਂ ਇੱਕ 50 ਸਾਲਾ ਮਹਿਲਾ ਨੂੰ ਗੰਭੀਰ ਹਾਲਤ ਵਿੱਚ ਟੋਰਾਂਟੋ ਦੇ ਟਰੌਮਾ ਸੈਂਟਰ ਲਿਜਾਇਆ ਗਿਆ।

ਦੋ ਹੋਰਨਾਂ ਜ਼ਖ਼ਮੀਆਂ ਨੂੰ ਓਸ਼ਵਾ ਦੇ ਹਸਪਤਾਲ ਲਿਜਾਇਆ ਗਿਆ ਤੇ ਉਨ੍ਹਾਂ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। ਉਨ੍ਹਾਂ ਦੀਆਂ ਉਮਰਾਂ ਤੇ ਲਿੰਗ ਆਦਿ ਬਾਰੇ ਅਜੇ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

## ਜਮਸ਼ੇਦਪੁਰ ਵਿਚ ਧਾਰਮਿਕ ਝੰਡੇ ਦੀ ਬੇਅਦਬੀ ਨੂੰ ਲੈ ਕੇ ਹਿੰਸਾ, 50 ਲੋਕ ਗ੍ਰਿਫਤਾਰ

ਜਮਸ਼ੇਦਪੁਰ, 10 ਅਪ੍ਰੈਲ (ਪੋਸਟ ਬਿਊਰੋ): ਝਾਰਖੰਡ 'ਚ ਜਮਸ਼ੇਦਪੁਰ ਦੇ ਸ਼ਾਸਤਰੀਨਗਰ 'ਚ ਧਾਰਮਿਕ ਝੰਡੇ ਦੀ ਕਥਿਤ ਬੇਅਦਬੀ ਨੂੰ ਲੈ ਕੇ ਹੋਈ ਹਿੰਸਾ ਦੇ ਮਾਮਲੇ 'ਚ 50 ਤੋਂ ਵੱਧ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਉਸ ਖੇਤਰ ਵਿੱਚ ਜਿੱਥੇ ਐਤਵਾਰ ਸ਼ਾਮ ਨੂੰ ਦੋ ਸਮੂਹਾਂ ਦਰਮਿਆਨ ਪੱਥਰਬਾਜ਼ੀ ਅਤੇ ਅੱਗਜ਼ਨੀ ਦੀ ਘਟਨਾ ਵਾਪਰੀ ਸੀ, ਉਸ ਖੇਤਰ ਵਿੱਚ ਫੌਜਦਾਰੀ ਜਾਬਤਾ (ਸੀਆਰਪੀਸੀ) ਦੀ ਧਾਰਾ 144 ਲਾਗੂ ਕੀਤੀ ਗਈ ਹੈ।

ਐਸਐਸਪੀ ਪ੍ਰਭਾਤ ਕੁਮਾਰ ਨੇ ਕਿਹਾ, "ਰਾਜ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਨੇਤਾ ਅਭੈ ਸਿੰਘ ਸਮੇਤ 50 ਤੋਂ ਵੱਧ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।" ਉਨ੍ਹਾਂ ਦੱਸਿਆ ਕਿ ਪੁਲੀਸ ਨੇ ਸਵੇਰੇ ਇਲਾਕੇ ਵਿੱਚ ਫਲੈਗ ਮਾਰਚ ਵੀ ਕੀਤਾ ਸੀ। ਐਸਐਸਪੀ ਨੇ ਦੱਸਿਆ ਕਿ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਸ਼ਾਸਤਰੀ ਨਗਰ ਵਿੱਚ ਲੋੜੀਂਦੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਹੈ। ਸਥਾਨਕ ਲੋਕਾਂ ਨੇ ਇੰਟਰਨੈੱਟ ਸੇਵਾ ਠੱਪ ਹੋਣ ਦੀ ਸ਼ਿਕਾਇਤ ਕੀਤੀ ਹੈ, ਹਾਲਾਂਕਿ ਇਸ ਬਾਰੇ ਕੋਈ ਅਧਿਕਾਰਤ ਬਿਆਨ ਨਹੀਂ ਆਇਆ ਹੈ।

ਐਤਵਾਰ ਸ਼ਾਮ ਨੂੰ ਹਿੰਸਾ ਵਿੱਚ ਸ਼ਾਮਲ ਲੋਕਾਂ ਦੇ ਸਮੂਹਾਂ ਨੇ ਦੋ ਦੁਕਾਨਾਂ ਅਤੇ ਇੱਕ ਆਟੋ ਰਿਕਸ਼ਾ ਨੂੰ ਅੱਗ ਲਗਾ ਦਿੱਤੀ ਅਤੇ ਪੁਲਿਸ ਨੇ ਬਦਮਾਸ਼ਾਂ ਨੂੰ ਖਦੇੜਨ ਲਈ ਅੱਥਰੂ ਗੈਸ ਦੇ ਗੋਲੇ ਛੱਡੇ। ਪੁਲਿਸ ਨੇ ਕਿਹਾ ਕਿ ਸ਼ਨੀਵਾਰ ਰਾਤ ਤੋਂ ਖੇਤਰ ਵਿੱਚ ਤਣਾਅ ਬਣਿਆ ਹੋਇਆ ਹੈ।

## ਅਮਰੀਕਾ ਦੇ ਕੈਂਟਕੀ 'ਚ ਗੋਲੀਬਾਰੀ ਵਿਚ ਹੁਣ ਤੱਕ 5 ਲੋਕਾਂ ਦੀ ਮੌਤਾਂ, 6 ਜ਼ਖਮੀ



ਕੈਂਟਕੀ, 10 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ ਦੇ ਕੈਂਟਕੀ ਸ਼ਹਿਰ 'ਚ ਗੋਲੀਬਾਰੀ ਦੀ ਘਟਨਾ 'ਚ ਹੁਣ ਤੱਕ 5 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 6 ਹੋਰ ਜ਼ਖਮੀਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਲੁਈਸਵਿਲੇ ਪੁਲਿਸ ਦੇ ਬੁਲਾਰੇ ਨੇ ਇੱਕ ਮੀਡੀਆ ਬ੍ਰੀਫਿੰਗ ਨੂੰ ਦੱਸਿਆ ਕਿ ਜ਼ਖਮੀਆਂ ਵਿੱਚ ਇੱਕ ਪੁਲਿਸ ਅਧਿਕਾਰੀ ਵੀ ਸ਼ਾਮਲ ਹੈ, ਇੱਕ ਹੋਰ ਟਵੀਟ ਵਿੱਚ ਕਿਹਾ ਗਿਆ ਹੈ ਕਿ ਸ਼ੱਕੀ ਸ਼ੂਟਰ ਨੂੰ ਗੋਲੀ ਮਾਰ ਦਿੱਤੀ ਗਈ ਸੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੁਲਿਸ ਬੁਲਾਰੇ ਨੇ ਕਿਹਾ ਹੈ ਕਿ ਹੁਣ ਆਮ ਲੋਕਾਂ ਨੂੰ ਕੋਈ ਖਤਰਾ ਨਹੀਂ ਹੈ।

ਤੁਹਾਨੂੰ ਦੱਸ ਦੇਈਏ ਕਿ ਗਵਰਨਰ ਐਂਡੀ ਬੇਸ਼ੀਅਰ ਨੇ ਇਸ ਤੋਂ ਪਹਿਲਾਂ ਘਟਨਾ ਬਾਰੇ ਟਵੀਟ ਕੀਤਾ ਸੀ ਕਿ ਉਹ ਘਟਨਾ ਵਾਲੀ ਥਾਂ ਵੱਲ ਜਾ ਰਹੇ ਹਨ, ਉਨ੍ਹਾਂ ਨੇ ਲਿਖਿਆ ਕਿ ਕਿਰਪਾ ਕਰਕੇ ਸਾਰੇ ਪ੍ਰਭਾਵਿਤ ਪਰਿਵਾਰਾਂ ਅਤੇ ਲੁਈਸਵਿਲੇ ਸ਼ਹਿਰ ਲਈ ਪ੍ਰਾਰਥਨਾ ਕਰੋ।

ਜ਼ਿਕਰਯੋਗ ਹੈ ਕਿ ਅਮਰੀਕਾ 'ਚ ਪਿਛਲੇ ਕੁਝ ਸਮੇਂ 'ਚ ਗੋਲੀਬਾਰੀ ਦੀਆਂ ਕਈ ਘਟਨਾਵਾਂ ਹੋ ਚੁੱਕੀਆਂ ਹਨ। ਕੁਝ ਦਿਨ ਪਹਿਲਾਂ, ਇੱਕ ਮਹਿਲਾ ਹਮਲਾਵਰ ਨੇ ਨੈਸ਼ਵਿਲ ਦੇ ਇੱਕ ਐਲੀਮੈਂਟਰੀ ਸਕੂਲ ਵਿੱਚ ਗੋਲੀਬਾਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਸੀ। ਅਧਿਕਾਰੀਆਂ ਅਤੇ ਮੀਡੀਆ ਰਿਪੋਰਟਾਂ ਮੁਤਾਬਕ ਇਸ ਘਟਨਾ 'ਚ ਤਿੰਨ ਬੱਚਿਆਂ ਸਮੇਤ 6 ਦੀ ਮੌਤ ਹੋ ਗਈ। ਜਿਸ ਸਕੂਲ ਵਿੱਚ ਇਹ ਘਟਨਾ ਵਾਪਰੀ ਉਹ ਪ੍ਰੀ ਸਕੂਲ ਸੀ। ਇਸ ਵਿੱਚ ਪੜ੍ਹ ਰਹੇ ਸਾਰੇ ਬੱਚੇ 12 ਸਾਲ ਤੋਂ ਘੱਟ ਉਮਰ ਦੇ ਸਨ।





















# ਇਤਿਹਾਸਕ ਹੋ ਨਿੱਬੜਿਆ ਗਲਾਸਗੋ ਦਾ ਵਿਸਾਖੀ ਨਗਰ ਕੀਰਤਨ ਹਜਾਰਾਂ ਦੀ ਤਾਦਾਦ ਵਿੱਚ ਸੰਗਤਾਂ ਬਣੀਆਂ ਨਗਰ ਕੀਰਤਨ ਦਾ ਹਿੱਸਾ









ਗਲਾਸਗੋ, 10 ਅਪ੍ਰੈਲ (ਮਨਦੀਪ ਖੁਰਮੀ ਹਿੰਮਤਪੁਰਾ): ਸਕਾਟਲੈਂਡ ਦੇ ਖੂਬਸੂਰਤ ਸ਼ਹਿਰ ਗਲਾਸਗੋ ਵਿਖੇ ਵਿਸਾਖੀ ਤੇ ਖ਼ਾਲਸਾ ਸਾਜਨਾ ਦੇ ਸੰਬੰਧ ਵਿੱਚ ਵਿਸ਼ਾਲ ਨਗਰ ਕੀਰਤਨ ਕਰਵਾਇਆ ਗਿਆ। ਪੰਜ ਪਿਆਰੇ ਸਾਹਿਬਾਨਾਂ (ਲਭਾਇਆ ਸਿੰਘ ਮਹਿਮੀ, ਬਖਸ਼ੀਸ਼ ਸਿੰਘ ਦੀਹਰੇ, ਜਸਪਾਲ ਸਿੰਘ ਖਹਿਰਾ, ਕਸ਼ਮੀਰ ਸਿੰਘ ਉੱਪਲ, ਅਮਰੀਕ ਸਿੰਘ ਦੀਹਰੇ)ਦੀ ਅਗਵਾਈ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਪ੍ਰਕਾਸ਼ਮਾਨ ਕਰਕੇ ਸੁੰਦਰ ਪਾਲਕੀ ਸਾਹਿਬ ਨਾਲ ਨਗਰ ਕੀਰਤਨ ਦੀ ਗੁਰਦੁਆਰਾ ਗ੍ਰੰਥ ਸਾਹਿਬ ਐਲਬਰਟ ਡਰਾਈਵ ਤੋਂ ਸ਼ੁਰੂਆਤ ਹੋਈ। ਬਖਸ਼ੀਸ਼ ਸਿੰਘ ਦੀਹਰੇ ਤੇ ਉਹਨਾਂ ਦੇ ਸਪੁੱਤਰ ਹਰਦੀਪ ਸਿੰਘ ਸੋਢੀ ਦੀ ਅਣਥੱਕ ਮਿਹਨਤ ਨਾਲ ਤਿਆਰ ਪਾਲਕੀ ਸਾਹਿਬ ਵਾਲੇ ਵਾਹਨ ਦੇ ਚਾਲਕ ਵਜੋਂ ਬਾਬਾ ਬੁੱਢਾ ਦਲ ਗਲਾ-ਸਗੋ ਦੇ ਮੁੱਖ ਸੇਵਾਦਾਰ ਹਰਜੀਤ ਸਿੰਘ ਖਹਿਰਾ ਨੇ ਸਾਰਾ ਦਿਨ ਸੇਵਾਵਾਂ ਨਿਭਾਈਆਂ। ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦਾ ਨਿਰੰਤਰ ਜਾਪ ਕਰਨ ਦੇ ਨਾਲ ਨਾਲ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਗੱਤਕਾ ਅਖਾੜਾ ਦੇ ਵਿਦਿਆਰਥੀ ਗੱਤਕੇ ਦੇ ਜੌਹਰ ਵਿਖਾਉਂਦੇ ਰਹੇ। ਨਗਰ ਕੀਰਤਨ ਦਾ ਪਹਿਲਾ ਪੜਾਅ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਗੁਰੂਘਰ ਵਿਖੇ ਹੋਇਆ। ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਮੁੱਖ ਸੇਵਾਦਾਰ ਜੀਤ ਸਿੰਘ ਮਸਤਾਨ ਅਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੀ ਸੰਗਤ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦਾ ਦੂਸਰਾ ਪੜਾਅ ਏ ਬੀ ਐਸ ਕੈਸ਼ ਐਂਡ ਕੈਰੀ ਕੋਲ ਸੀ, ਜਿੱਥੇ ਸੰਗਤਾਂ ਲਈ ਸੁਆਦਲੇ ਪਕਵਾਨ ਬਹੁਤ ਹੀ ਸ਼ਰਧਾਪੂਰਵਕ ਛਕਾਏ ਗਏ। ਇਸ ਉਪਰੰਤ ਸ਼ਹਿਰ ਦੀ ਪਰਿਕਰਮਾ ਤੋਂ ਬਾਅਦ ਸੈਂਟਰਲ ਗੁਰਦੁਆਰਾ ਸਿੰਘ ਸਭਾ ਵਿਖੇ ਪੜਾਅ ਕੀਤਾ ਗਿਆ। ਜਿੱਥੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਚੌਧਰੀ ਤੇ ਸਮੁੱਚੀ ਕਮੇਟੀ ਵੱਲੋਂ ਸਵਾਗਤ ਕੀਤਾ ਗਿਆ। ਰਸਤੇ ਵਿੱਚ ਸੇਵਾਦਾਰਾਂ ਵੱਲੋਂ ਸੰਗਤਾਂ ਲਈ ਖਾਣ ਪੀਣ ਦੀਆਂ ਵਸਤਾਂ ਦੇ ਅਤੁੱਟ ਲੰਗਰ ਲਗਾਏ ਹੋਏ ਸਨ। ਸਮੁੱਚੇ ਨਗਰ ਕੀਰਤਨ ਦੌਰਾਨ ਸੰਗਤਾਂ ਦਾ ਅਨੁਸ਼ਾਸਨ ਕਾਬਲੇ ਤਾਰੀਫ਼ ਸੀ। ਰਾਗੀ ਸਿੰਘਾਂ ਵੱਲੋਂ ਸਾਰਾ ਦਿਨ ਰਸਭਿੰਨੇ ਕੀਰਤਨ ਦੀ ਸੇਵਾ ਨਿਭਾਈ ਗਈ।

ਅਖੀਰ ਗੁਰੂ ਨਾਨਕ ਸਿੱਖ ਗੁਰਦੁ-ਆਰਾ ਓਟੈਗੋ ਸਟ੍ਰੀਟ ਵਿਖੇ ਇਹ ਨਗਰ ਕੀਰਤਨ ਅਗਲੇ ਸਾਲ ਮੁੜ ਮਿਲਣ ਦੇ ਵਾਅਦੇ ਨਾਲ ਸਮਾਪਤ ਹੋਇਆ। ਜਿੱਥੇ ਮੁੱਖ ਸੇਵਾਦਾਰ ਭੁਪਿੰਦਰ ਸਿੰਘ ਬਰਮੀਂ ਤੇ ਕਮੇਟੀ ਮੈਂਬਰਾਨ ਵੱਲੋਂ ਸਮੂਹ ਗੁਰਦੁਆਰਾ ਸਾਹਿਬਾਨਾਂ ਦੀਆਂ ਪ੍ਰਬੰਧਕ ਕਮੇਟੀਆਂ, ਅਣਥੱਕ ਸੇਵਾ ਲਈ ਸਮੂਹ ਸੇਵਾਦਾਰਾਂ ਅਤੇ ਸੰਗਤਾਂ ਦਾ ਹਾਰਦਿਕ ਧੰਨਵਾਦ ਕੀਤਾ ਗਿਆ।

# ਨਿਊਕਮਰਜ਼ ਦੀਆਂ ਬੈਂਕਿੰਗ ਸਬੰਧੀ ਲੋੜਾਂ ਪੂਰੀਆਂ ਕਰਨ ਵਿੱਚ ਮੱਦਦ ਵਾਸਤੇ ਹਰਦਮ ਤਿਆਰ ਹੈ ਟੀਡੀ ਬੈਂਕ

ਹਰ ਸਾਲ ਸੈਂਕੜੇ ਲੋਕ ਕੈਨੇਡਾ ਮੂਵ ਹੁੰਦੇ ਹਨ। ਕੈਨੇਡਾ ਦੇ ਅਰਥਚਾਰੇ ਵਿੱਚ ਨਿਊਕਮਰਜ਼ ਬਹੁਤ ਹੀ ਵੱਡਮੁੱਲਾ ਯੋਗਦਾਨ ਪਾਉਂਦੇ ਹਨ। ਕੈਨੇਡਾ ਦੀ ਆਬਾਦੀ ਦੇ ਵਿਕਾਸ ਵਿੱਚ 80 ਫੀ ਸਦੀ ਦੇ ਨੇੜੇ ਤੇੜੇ ਅਤੇ ਲੇਬਰ ਫੋਰਸ ਵਿੱਚ 100 ਫੀ ਸਦੀ ਦੇ ਨੇੜੇ ਤੇੜੇ ਯੋਗਦਾਨ ਇਨ੍ਹਾਂ ਦਾ ਹੀ ਹੁੰਦਾ ਹੈ।

ਪਰ ਨਵੇਂ ਦੇਸ਼ ਵਿੱਚ ਆ ਕੇ ਵੱਸਣ ਨਾਲ ਆਪਣੀ ਕਿਸਮ ਦੀਆਂ ਚੁਣੌਤੀਆਂ ਵੀ ਜੁੜੀਆਂ ਹੁੰਦੀਆਂ ਹਨ। ਫੌਰੀ ਲੋੜਾਂ ਤੋਂ ਇਲਾਵਾ ਹਾਊਸਿੰਗ ਤੇ ਰੋਜ਼ਗਾਰ ਹਾਸਲ ਕਰਨ ਦੇ ਨਾਲ ਨਾਲ ਕੈਨੇਡੀਅਨ ਕਿਸ ਤਰ੍ਹਾਂ ਰਹਿੰਦੇ ਤੇ ਕੰਮ ਕਰਦੇ ਹਨ ਤੇ ਵਿੱਤੀ ਸਿਸਟਮ ਕਿਵੇਂ ਆਪਰੇਟ ਕਰਦਾ ਹੈ ਇਸ ਬਾਰੇ ਸਿੱਖਣਾ ਵੀ ਇਨ੍ਹਾਂ ਨਿਊਕਮਰਜ਼ ਦੀ ਮੁੱਖ ਤਰਜੀਹ ਹੁੰਦਾ ਹੈ।

ਬੈਂਕ ਖਾਤਾ ਖੁੱਲ੍ਹਵਾਉਣ ਤੋਂ ਲੈ ਕੇ ਚੰਗਾ ਕੈਨੇਡੀਅਨ ਕ੍ਰੈਡਿਟ ਸਕੋਰ ਤਿਆਰ ਕਰਨ, ਸਮੇਂ ਦੇ ਨਾਲ ਨਾਲ ਆਪਣੇ ਪੈਸੇ ਨੂੰ ਵਧਾਉਣ ਦੇ ਨਵੇਂ ਮੌਕੇ ਤਲਾਸ਼ਣ ਦੇ ਨਾਲ ਨਾਲ ਕੈਨੇਡਾ ਵਿੱਚ ਬੈਂਕਿੰਗ ਦੀਆਂ ਬਾਰੀਕੀਆਂ ਸਿੱਖਣਾ ਵੀ ਅਹਿਮ ਕੰਮ ਹੈ। ਨਵੇਂ ਕੈਨੇਡੀਅਨਜ਼ ਨੂੰ ਅਕਸਰ ਵਿੱਤੀ ਮਾਮਲਿਆਂ ਵਿੱਚ ਵੱਖ ਵੱਖ ਸਰੋਤਾਂ ਤੋਂ ਕਈ ਤਰ੍ਹਾਂ ਦੀ ਜਾਣਕਾਰੀ ਮਿਲਦੀ ਰਹਿੰਦੀ ਹੈ ਜਿਸ ਕਾਰਨ ਉਹ ਅਕਸਰ ਭੰਬਲਭੂਸੇ ਵਿੱਚ ਫਸ ਜਾਂਦੇ ਹਨ।

**ਟੀਡੀ ਤੇ ਕੈਨੇਡਾਵੀਜ਼ਾ ਸਟਰੈਟੇਜਿਕ ਸਬੰਧ**

ਕਈਆਂ ਵਿੱਚੋਂ ਇਸ ਇੱਕ ਮੁੱਦੇ ਕਰਕੇ ਹੀ ਟੀਡੀ ਨੇ ਕਈ ਸਾਲਾਂ ਤੋਂ ਭਰੋਸੇਯੋਗ ਕੈਨੇਡੀਅਨ ਇਮੀਗ੍ਰੇਸ਼ਨ ਇਨਫਰਮੇਸ਼ਨ ਵੈੱਬਸਾਈਟ-ਕੈਨੇਡਾਵੀਜ਼ਾ ਨਾਲ ਰਲ ਕੇ ਕੰਮ ਕਰਨਾ ਸ਼ੁਰੂ ਕੀਤਾ। 2•4 ਮਿਲੀਅਨ ਮੰਥਲੀ ਯੂਜ਼ਰਜ਼ ਤੇ 895,000 ਫੋਰਮ ਮੈਂਬਰਾਂ ਦੇ ਨਾਲ ਨਾਲ ਇਸ ਦੀ ਭਾਈਵਾਲ ਨਿਊਜ਼ ਸਾਈਟ ਸੀਆਈਸੀ ਨਿਊਜ਼ ਸਦਕਾ ਕੈਨੇਡਾ ਵੀਜ਼ਾ ਦੁਨੀਆ ਦੀ ਸੱਭ ਤੋਂ ਵੱਡੀ ਕੈਨੇਡੀਅਨ ਇਮੀਗ੍ਰੇਸ਼ਨ ਫਰਮ ਹੋਣ ਦਾ ਦਮ ਭਰਦੀ ਹੈ।

ਟੀਡੀ ਤੇ ਕੈਨੇਡਾਵੀਜ਼ਾ ਸਟਰੈਟੇਜਿਕ ਸਬੰਧਾਂ ਨਾਲ ਨਿਊਕਮਰਜ਼ ਨੂੰ ਅਹਿਮ ਵਿੱਤੀ ਮੁੱਦਿਆਂ ਉੱਤੇ ਲਗਾਤਾਰ ਭਰੋਸੇਯੋਗ ਜਾਣਕਾਰੀ ਮਿਲਦੀ ਰਹਿੰਦੀ ਹੈ ਜਿਵੇਂ ਕਿ ਕੈਨੇਡੀਅਨ ਬੈਂਕ ਐਕਾਊਂਟ ਨੂੰ ਸਮਝਣਾ, ਚੰਗਾ ਕ੍ਰੈਡਿਟ ਸਕੋਰ ਤਿਆਰ ਕਰਨਾ, ਘਰ ਖਰੀਦਣਾ ਤੇ ਭਵਿੱਖ ਵਿੱਚ ਨਿਵੇਸ ਦੇ ਬਦਲ ਤੈਅ ਕਰਨਾ ਆਦਿ।ਤੁਸੀਂ www.cicnews.com/td. `ਤੇ ਜਾ ਕੇ ਇਨ੍ਹਾਂ ਸਰੋਤਾਂ ਤੱਕ ਪਹੁੰਚ ਕਰ ਸਕਦੇ ਹੋਂ।

**ਅਸੀਮਤ ਵਿੱਤੀ ਲੈਣ-ਦੇਣ ਨੂੰ ਯਕੀਨੀ ਬਣਾਉਣਾ**

ਰੋਜ਼ਾਨਾ ਬੈਂਕਿੰਗ ਲਈ, ਟੀਡੀ ਨਿਊਕਮਰਜ਼ ਦੀਆਂ ਲੋੜਾਂ ਦੇ ਹਿਸਾਬ ਨਾਲ ਨਿਜੀ ਸਲਾਹ ਤੇ ਵਿਅਕਤੀਵਿਸ਼ੇਸ਼ ਲਈ ਤਿਆਰ ਪ੍ਰੋਡਕਟ ਦੀ ਪੇਸ਼ਕਸ਼ ਕਰਦਾ ਹੈ। ਜਦੋਂ ਕਿਸੇ ਨਿਊਕਮਰ ਦੀ ਜਰਨੀ ਦਾ ਸਵਾਲ ਹੁੰਦਾ ਹੈ ਤਾਂ ਟੀਡੀ ਇਹ ਸਮਝਦਾ ਹੈ ਕਿ ਇੱਕੋ ਨੁਸਖ਼ਾ ਹਰ ਕਿਸੇ ਲਈ ਕਾਰਗਰ ਨਹੀਂ ਹੋ ਸਕਦਾ।ਕਸਟਮਰ ਦੀ ਜ਼ਿੰਦਗੀ ਦੇ ਪੜਾਅ, ਪਰਮਿਟ ਟਾਈਪ, ਜਾਂ ਇਮੀਗ੍ਰੇਸ਼ਨ ਸਟੇਟਸ ਆਦਿ ਅਜਿਹੇ ਕਾਰਕ ਹਨ ਜਿਹੜੇ ਨਿਊਕਮਰਜ਼ ਦੇ ਕੈਨੇਡਾ ਵਿੱਚ ਆਰਾਮ ਨਾਲ ਸੈਟਲ ਕਰਨ ਨੂੰ ਪ੍ਰਭਾਵਿਤ ਕਰ ਸਕਦੇ ਹਨ।




ਟੀਡੀ ਵੱਲੋਂ ਇੱਕ ਨਵੀਂ ਪ੍ਰੋਡਕਟ ਦੀ ਪੇਸ਼ਕਸ਼ ਵੀ ਕੀਤੀ ਜਾ ਰਹੀ ਹੈ ਜਿਸ ਨਾਲ ਨਿਊਕਮਰਜ਼ ਲਈ ਕੈਨੇਡਾ ਵਿੱਚ ਸੈਟਲ ਹੋਣ ਵਾਸਤੇ ਵਿੱਤੀ ਲੈਣ-ਦੇਣ ਵੱਡੀ ਸਿਰਦਰਦੀ ਨਾ ਰਹੇ ਇਹ ਯਕੀਨੀ ਬਣਾਇਆ ਜਾਂਦਾ ਹੈ। ਇਸ ਵਿੱਚ ਹੇਠ ਲਿਖੇ ਨੁਕਤੇ ਸ਼ਾਮਲ ਹਨ :

- ਟੀਡੀ ਨਿਊ ਟੂ ਕੈਨੇਡਾ ਬੈਂਕਿੰਗ ਪੈਕੇਜ : 1,575 ਕੈਨੇਡੀਅਨ ਡਾਲਰ ਵਾਲੇ ਇਸ ਬਿਨਾਂ ਫੀਸ ਦੇ ਵਿਲੱਖਣ ਪੈਕੇਜ ਰਾਹੀਂ (ਪੰਜ ਸਾਲ ਜਾਂ ਇਸ ਤੋਂ ਘੱਟ) ਲਈ ਨਿਊਕਮਰਜ਼ ਦੀਆਂ ਰੋਜ਼ਾਨਾਂ ਬੈਂਕਿੰਗ ਸਬੰਧੀ ਲੋੜਾਂ ਨੂੰ ਪੂਰਾ ਕੀਤਾ ਜਾਂਦਾ ਹੈ, ਇਸ ਵਿੱਚ ਉਨ੍ਹਾਂ ਦੇ ਸਥਾਪਿਤ ਹੋਣ ਸਮੇਂ ਉਨ੍ਹਾਂ ਦੇ ਬੈਂਕ ਖਾਤੇ ਉੱਤੇ ਪੂਰੇ ਸਾਲ ਵਾਸਤੇ ਫੀਸ ਮੁਆਫੀ ਸ਼ਾਮਲ ਹੈ, ਪੈਸੇ ਦਾ ਅਣਮਿਥਿਆ ਲੈਣ-ਦੇਣ, ਕ੍ਰੈਡਿਟ ਤੱਕ ਪਹੁੰਚ, ਤੇ ਹੋਰ ਵਾਧੂ ਲਾਈਫਸਟਾਈਲ ਬੈਨੇਫਿਟ ਸ਼ਾਮਲ ਹਨ।
- ਟੀਡੀ ਇੰਟਰਨੈਸ਼ਨਲ ਸਟੂਡੈਂਟ ਬੈਂਕਿੰਗ ਪੈਕੇਜ : 550 ਡਾਲਰ ਤੋਂ ਵੱਧ ਦੀ ਕੀਮਤ ਦੇ ਇਸ ਪੈਕੇਜ ਵਿੱਚ ਇੰਟਰਨੈਸ਼ਨਲ ਵਿਦਿਆਰਥੀਆਂ ਲਈ ਵਿਲੱਖਣ ਵਿੱਤੀ ਸੌਲਿਊਸ਼ਨਜ਼ ਮੁਹੱਈਆ ਕਰਵਾਏ ਜਾਂਦੇ ਹਨ ਜਿਵੇਂ ਕਿ ਅਸੀਮਤ ਸਟੂਡੈਂਟ ਚੈਕਿੰਗ ਐਕਾਊਂਟ ਲਈ ਕੋਈ ਫੀਸ ਨਹੀਂ ਲਈ ਜਾਂਦੀ, ਅਣਸਕਿਊਰਡ ਕ੍ਰੈਡਿਟ ਕਾਰਡ, ਸੇਵਿੰਗ ਐਕਾਊਂਟ ਤੇ 12 ਮਹੀਨਿਆਂ ਲਈ ਮੁਫਤ ਟੀਡੀ ਗਲੋਬਲ ਟਰਾਂਸਫਰ ਆਦਿ। ਇਸ ਦੇ ਨਾਲ ਹੀ ਇੱਕ ਸਾਲ ਵਾਸਤੇ ਵਿਦਿਆਰਥੀ ਨੂੰ ਐਮੇਜ਼ੌਨ ਸਟੂਡੈਂਟ ਪ੍ਰਾਈਮ ਮੈਂਬਰਸ਼ਿਪ ਵੀ ਮੁਹੱਈਆ ਕਰਵਾਈ ਜਾਂਦੀ ਹੈ।
- ਟੀਡੀ ਇੰਟਰਨੈਸ਼ਨਲ ਸਟੂਡੈਂਟ ਜੀਆਈਸੀ ਪ੍ਰੋਗਰਾਮ : ਟੀਡੀ ਪੂਰੀ ਤਰ੍ਹਾਂ ਡਿਜੀਟਲ, ਬਿਨਾਂ ਫੀਸ ਦੇ ਟੀਡੀ ਇੰਟਰਨੈਸ਼ਨਲ ਸਟੂਡੈਂਟ ਜੀਆਈਸੀ ਪ੍ਰੋਗਰਾਮ ਦੀ ਪੇਸ਼ਕਸ਼ ਕਰਦਾ ਹੈ, ਜਿਸ ਨਾਲ ਸਬੰਧਤ ਵਿਦਿਆਰਥੀਆਂ ਨੂੰ ਜੀਆਈਸੀ (ਗਾਰੰਟੀਸ਼ੁਦਾ ਇਨਵੈਸਟਮੈਂਟ ਸਰਟੀਫਿਕੇਟ) ਪੂਰਾ ਕਰਨ ਵਿੱਚ ਮਦਦ ਮਿਲਦੀ ਹੈ। ਇਹ ਫੈਡਰਲ ਸਰਕਾਰ ਦੇ ਸਟੱਡੀ ਪਰਮਿਟ ਪ੍ਰੋਸੈਸਿੰਗ ਪ੍ਰੋਗਰਾਮ ਦੀ ਵਿਸ਼ੇਸ਼ ਸ਼ਰਤ ਹੈ।

ਸਾਡੀ ਇੰਡਸਟਰੀ ਦੀਆਂ ਬਹੁ-ਭਾਸ਼ਾਵਾਂ ਸਬੰਧੀ ਸਮਰੱਥਾਵਾਂ ਉੱਤੇ ਸਾਨੂੰ ਮਾਣ ਹੈ ਟੀਡੀ ਵੱਲੋਂ ਕਈ ਭਾਸ਼ਾਵਾਂ ਵਿੱਚ ਆਪਣੀਆਂ ਸੇਵਾਵਾਂ ਦੇਣੀਆਂ ਸ਼ੁਰੂ ਕੀਤੀਆਂ ਗਈਆਂ ਹਨ। ਸਾਡੇ ਬ੍ਰਾਂਚ ਨੈੱਟਵਰਕ ਰਾਹੀਂ ਟੀਡੀ ਕੁਲੀਗਜ਼ 50 ਭਾਸ਼ਾਵਾਂ ਬੋਲਦੇ ਹਨ, ਇਸ ਤੋਂ ਇਲਾਵਾ ਫੋਨ ਉੱਤੇ 200 ਤੋਂ ਵੱਧ ਭਾਸ਼ਾਵਾਂ ਵਿੱਚ ਮਦਦ ਮੁਹੱਈਆ ਕਰਵਾਈ ਜਾਂਦੀ ਹੈ। ਇਸ ਤੋਂ ਇਲਾਵਾ ਟੀਡੀ ਏਟੀਐਮਜ਼ ਸੱਤ ਭਾਸ਼ਾਵਾਂ ਵਿੱਚ ਸੇਵਾਵਾਂ ਮੁਹੱਈਆ ਕਰਵਾਉਂਦੇ ਹਨ, ਟੀਡੀ ਹੀ ਅਜਿਹਾ ਕੈਨੇਡੀਅਨ ਬੈਂਕ ਹੈ ਜਿਹੜਾ ਏਟੀਐਮ ਸੇਵਾਵਾਂ ਪੰਜਾਬੀ, ਪੁਰਤਗੀਸ ਤੇ ਇਟੈਲੀਅਨ ਵਿੱਚ ਮੁਹੱਈਆ ਕਰਵਾਉਂਦਾ ਹੈ। ਨਿਊਕਮਰਜ਼ ਟੀਡੀ ਦੇ ਪ੍ਰੋਡਕਟਸ ਤੇ ਸੇਵਾਵਾਂ ਤੇ ਵਿੱਤੀ ਕੌਂਸੈਪਟਸ ਨੂੰ ਚੰਗੀ ਤਰ੍ਹਾਂ ਸਮਝਣ ਲਈ ਵੱਖ ਵੱਖ ਭਾਸ਼ਾਵਾਂ ਵਿੱਚ ਦਸਤਾਵੇਜ਼ਾਂ ਦੀ ਮੰਗ ਕਰ ਸਕਦੇ ਹਨ।

ਟੀਡੀ ਨਿਊ ਟੂ ਕੈਨੇਡਾ ਪੈਕੇਜ ਵਿੱਚੋਂ ਕਿਸੇ ਲਈ ਵੀ ਅਪਲਾਈ ਕਰਨ ਵਾਸਤੇ ਜਾਂ ਜੇ ਤੁਹਾਡੇ ਫਾਇਨਾਂਸ ਜਾਂ ਬੈਂਕਿੰਗ ਸਬੰਧੀ ਕੋਈ ਸਵਾਲ ਹਨ, ਉਨ੍ਹਾਂ ਦੇ ਜਵਾਬ ਹਾਸਲ ਕਰਨ ਲਈ ਤੁਸੀਂ ਟੀਡੀ ਪਰਸਨਲ ਬੈਂਕਰ ਨਾਲ ਅਪੁਆਇੰਟਮੈਂਟ ਵੀ ਬੁੱਕ ਕਰ ਸਕਦੇ ਹੋਂ।



## ਪੰਜਾਬ ਸਰਕਾਰ ਪੈਰਾ ਖਿਡਾਰੀਆਂ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ: ਮੀਤ ਹੇਅਰ

* ਖੇਡ ਮੰਤਰੀ ਨੇ ਕੌਮੀ ਪੱਧਰ ਉਤੇ ਮੱਲਾਂ ਮਾਰਨ ਵਾਲੇ ਪੈਰਾ ਖਿਡਾਰੀਆਂ ਨੂੰ ਦਿੱਤੀ ਮੁਬਾਰਕਬਾਦ

ਚੰਡੀਗੜ੍ਹ, 10 ਅਪ੍ਰੈਲ (ਪੋਸਟ ਬਿਊਰੋ): ਖੇਡਾਂ ਦੇ ਖੇਤਰ ਵਿੱਚ ਪੰਜਾਬ ਦੀ ਗੁਆਚੀ ਸ਼ਾਨ ਬਹਾਲ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦਿਸ਼ਾ ਵਿੱਚ ਨਵੀਂ ਖੇਡ ਨੀਤੀ ਬਣਾਈ ਜਾ ਰਹੀ ਹੈ ਜਿਸ ਵਿੱਚ ਸਾਰੀਆਂ ਖੇਡਾਂ ਨੂੰ ਪ੍ਰਮੁੱਖਤਾ ਦੇਣ ਦੇ ਨਾਲ ਪੈਰਾ ਸਪੋਰਟਸ ਨੂੰ ਵੀ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ। ਇਹ ਗੱਲ ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਕਹੀ। ਖੇਡ ਮੰਤਰੀ ਨੇ ਅੱਗੇ ਕਿਹਾ ਕਿ ਪੈਰਾ ਖਿਡਾਰੀਆਂ ਨੇ ਸੂਬੇ ਦੇ ਕੌਮੀ ਤੇ ਕੌਮਾਂਤਰੀ ਪੱਧਰ ਉਤੇ ਨਾਮ ਰੌਸ਼ਨ ਕੀਤਾ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪਿਛਲੇ ਥੋੜੇਂ ਅਰਸੇ ਵਿੱਚ ਪੰਜਾਬ ਦੇ ਪੈਰਾ ਖਿਡਾਰੀਆਂ ਨੇ ਪੈਰਾ ਪਾਵਰਲਿਫਟਿੰਗ, ਪੈਰਾ ਅਥਲੈਟਿਕਸ ਤੇ ਪੈਰਾ ਬੈਡਮਿੰਟਨ ਦੇ ਕੌਮੀ ਪੱਧਰ ਦੇ ਮੁਕਾਬਲਿਆਂ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਹੈ। ਪੰਜਾਬ ਦੇ ਖਿਡਾਰੀਆਂ ਨੇ ਕੁੱਲ ਅੱਠ ਸੋਨੇ, ਪੰਜ ਚਾਂਦੀ ਤੇ 15 ਕਾਂਸੀ ਦੇ ਤਮਗ਼ਿਆਂ ਸਮੇਤ ਕੁੱਲ 28 ਤਮਗ਼ੇ ਜਿੱਤੇ। ਉਨ੍ਹਾਂ ਸਾਰੇ ਤਮਗ਼ਾ ਜੇਤੂਆਂ ਨੇ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਨਵੀਂ ਖੇਡ ਨੀਤੀ ਵਿੱਚ ਪੈਰਾ ਖਿਡਾਰੀਆਂ ਨੂੰ ਵਿਸ਼ੇਸ਼ ਤਰਜੀਹ ਦੇ ਰਹੀ ਹੈ ਅਤੇ ਖਿਡਾਰੀਆਂ ਦੀ ਫੀਡਬੈਕ ਅਨੁਸਾਰ ਨੀਤੀ ਬਣਾਈ ਜਾ ਰਹੀ ਹੈ।

ਮੀਤ ਹੇਅਰ ਨੇ ਅੱਗੇ ਵੇਰਵੇ ਜਾਰੀ ਕਰਦਿਆਂ ਦੱਸਿਆ ਕਿ ਲਖਨਊ ਵਿਖੇ ਹੋਈ ਨੈਸ਼ਨਲ ਪੈਰਾ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਸੰਜੀਵ ਕੁਮਾਰ ਨੇ ਇਕ-ਇਕ ਸੋਨੇ, ਚਾਂਦੀ ਤੇ ਕਾਂਸੀ, ਰਾਜ ਕੁਮਾਰ ਨੇ ਦੋ ਕਾਂਸੀ ਅਤੇ ਸ਼ਬਾਨਾ ਨੇ ਦੋ ਕਾਂਸੀ ਦੇ ਤਮਗ਼ੇ ਜਿੱਤੇ। ਇਸੇ ਤਰ੍ਹਾਂ ਗੁਜਰਾਤ ਵਿਖੇ ਹੋਈ ਜੂਨੀਅਰ ਤੇ ਸਬ ਜੂਨੀਅਰ ਪੈਰਾ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ ਨਿਸ਼ਾ ਨੇ ਇਕ ਚਾਂਦੀ ਤੇ ਦੋ ਕਾਂਸੀ, ਪਰਵੀਨ ਕੁਮਾਰ ਨੇ ਇਕ ਚਾਂਦੀ ਤੇ ਇਕ ਕਾਂਸੀ ਅਤੇ ਗੁਰਹਰਮਨਦੀਪ ਸਿੰਘ ਨੇ ਦੋ ਕਾਂਸੀ ਦੇ ਤਮਗ਼ੇ ਜਿੱਤੇ। ਪੂਣੇ ਵਿਖੇ ਨੈਸ਼ਨਲ ਪੈਰਾ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ ਮਿਥਨ ਨੇ ਇਕ ਸੋਨੇ, ਕਰਨਦੀਪ ਕੁਮਾਰ ਨੇ ਇਕ ਚਾਂਦੀ ਤੇ ਇਕ ਕਾਂਸੀ, ਗੁਰਵੀਰ ਸਿੰਘ ਨੇ ਦੋ ਕਾਂਸੀ, ਮੁਹੰਮਦ ਯਸੀਰ ਨੇ ਇਕ ਚਾਂਦੀ ਅਤੇ ਅਨਾਇਆ ਬਾਂਸਲ ਨੇ ਇਕ ਕਾਂਸੀ ਦਾ ਤਮਗ਼ਾ ਜਿੱਤਿਆ। ਨਵੀਂ ਦਿੱਲੀ ਵਿਖੇ ਹੋਈ ਸੀਨੀਅਰ ਤੇ ਜੂਨੀਅਰ ਨੈਸ਼ਨਲ ਪੈਰਾ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਪਰਮਜੀਤ ਕੁਮਾਰ, ਗੁਰਸੇਵਕ ਸਿੰਘ, ਵਰਿੰਦਰ ਸਿੰਘ, ਮੁਹੰਮਦ ਨਦੀਮ, ਜਸਪ੍ਰੀਤ ਕੌਰ ਤੇ ਸੀਮਾ ਰਾਣੀ ਨੇ ਸੋਨੇ ਅਤੇ ਕੁਲਦੀਪ ਸਿੰਘ ਤੇ ਸੁਮਨਦੀਪ ਨੇ ਕਾਂਸੀ ਦੇ ਤਮਗ਼ੇ ਜਿੱਤੇ।

## ਵਿੱਤ ਮੰਤਰੀ ਚੀਮਾ ਵੱਲੋਂ ਅੰਕੜਿਆਂ ਆਧਾਰਤ ਕਿਤਾਬ 'ਪੰਜਾਬ ਸਟੇਟ ਐਟ ਏ ਗਲਾਂਸ 2022' ਜਾਰੀ



ਚੰਡੀਗੜ੍ਹ, 10 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਯੋਜਨਾ ਵਿਭਾਗ ਦੇ ਅੰਕੜਾ ਡਾਇਰੈਕਟੋਰੇਟ ਵੱਲੋਂ ਵੱਖ-ਵੱਖ ਵਿਭਾਗਾਂ ਦੇ ਮਹੱਤਵਪੂਰਨ ਅੰਕੜਿਆਂ ਦਾ ਸੰਗ੍ਰਹਿ 'ਪੰਜਾਬ ਸਟੇਟ ਐਟ ਏ ਗਲਾਂਸ 2022' ਜਾਰੀ ਕੀਤਾ। ਇਸ ਕਿਤਾਬ ਵਿੱਚ ਪੰਜਾਬ ਦੀ ਆਰਥਿਕਤਾ ਦੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਸਾਰੀਆਂ ਮਹੱਤਵਪੂਰਨ ਵਸਤੂਆਂ ਬਾਰੇ ਪ੍ਰਮਾਣਿਕ ਅੰਕੜੇ ਦਿੱਤੇ ਗਏ ਹਨ ਅਤੇ ਇਸ ਵਿੱਚ ਪੰਜਾਬ ਦੀ ਆਰਥਿਕਤਾ ਦੇ ਮਹੱਤਵਪੂਰਨ ਸਮਾਜਿਕ-ਆਰਥਿਕ ਸੂਚਕਾਂ ਬਾਰੇ ਤਾਜ਼ਾ ਉਪਲਬਧ ਅੰਕੜਿਆਂ ਨੂੰ ਸ਼ਾਮਿਲ ਕੀਤਾ ਗਿਆ ਹੈ।

ਇੱਥੇ ਪੰਜਾਬ ਭਵਨ ਵਿਖੇ ਇਹ ਪੁਸਤਕ ਜਾਰੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੋਜਨਾ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੂਬੇ ਦੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਦੀਆਂ ਲਾਇਬ੍ਰੇਰੀਆਂ ਵਿੱਚ ਇਸ ਪੁਸਤਕ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਇਹ ਪੁਸਤਕ ਖੋਜ ਸੰਸਥਾਵਾਂ, ਯੂਨੀਵਰਸਿਟੀਆਂ, ਕਾਲਜਾਂ, ਸਰਕਾਰੀ ਅਤੇ ਗੈਰ-ਸਰਕਾਰੀ ਅਦਾਰਿਆਂ ਅਤੇ ਨੀਤੀ ਨਿਰਮਾਤਾਵਾਂ ਅਤੇ ਪ੍ਰਸ਼ਾਸਕਾਂ ਲਈ ਵਿਕਾਸ, ਖੋਜ ਨੀਤੀ ਸਬੰਧੀ ਫੈਸਲਿਆਂ ਅਤੇ ਹੋਰ ਅਹਿਮ ਫੈਸਲਿਆਂ ਲਈ ਲਾਹੇਵੰਦ ਹੋਵੇਗੀ। ਉਨ੍ਹਾਂ ਨੇ ਇਸ ਪੁਸਤਕ ਨੂੰ ਤਿਆਰ ਕਰਨ ਲਈ ਕੀਤੇ ਗਏ ਸੁਹਿਰਦ ਯਤਨਾਂ ਲਈ ਕਰਨ ਲਈ ਆਪਣੇ ਯੋਜਨਾ ਵਿਭਾਗ ਨੂੰ ਵਧਾਈ ਦਿੱਤੀ।

ਇਸ ਮੌਕੇ ਐਡਵੋਕੇਟ ਚੀਮਾ ਨੇ ਕਿਤਾਬ ਵਿੱਚ ਸ਼ਾਮਿਲ ਕੁਝ ਅੰਕੜਿਆਂ ਨੂੰ ਸਾਂਝਾ ਕਰਦਿਆਂ ਕਿਹਾ ਕਿ 2022-23 ਦੇ ਅਗਾਊਂ ਅਨੁਮਾਨਾਂ ਅਨੁਸਾਰ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਵਿੱਚ 3.70 ਫੀਸਦੀ, ਉਦਯੋਗ ਵਿੱਚ 4.33 ਫੀਸਦੀ ਅਤੇ ਸੇਵਾ ਖੇਤਰ ਵਿੱਚ 6.78 ਫੀਸਦੀ ਵਾਧਾ ਹੋਣ ਦਾ ਅੰਦਾਜ਼ਾ ਹੈ। ਉਨ੍ਹਾਂ ਕਿਹਾ ਕਿ ਆਮ ਖੇਤੀਬਾੜੀ ਦੇ ਮੁਕਾਬਲੇ ਸਹਾਇਕ ਖੇਤਰਾਂ ਵਿੱਚ ਹਾਲ ਹੀ ਦੇ ਸਾਲਾਂ ਦੌਰਾਨ ਤੇਜ਼ੀ ਨਾਲ ਵਿਕਾਸ ਦੇਖਿਆ ਗਿਆ ਹੈ। ਪਸ਼ੂ ਪਾਲਣ ਖੇਤਰ ਤੇਜ਼ੀ ਨਾਲ ਵਿਕਸਤ ਹੁੰਦਿਆਂ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਦੇ ਵਿਕਾਸ ਵਿੱਚ ਵੱਡਾ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ 2022-23 ਵਿੱਚ ਪਸ਼ੂ ਧਨ ਦੇ ਖੇਤਰ ਵਿੱਚ 4.18 ਫੀਸਦੀ ਵਾਧਾ ਹੋਣ ਦੀ ਸੰਭਾਵਨਾ ਹੈ ਅਤੇ ਇਸ ਦੌਰਾਨ ਪੰਜਾਬ ਦੇ ਗਰੌਸ ਸਟੇਟ ਵੈਲਿਊ ਐਡਿਡ (ਜੀਐਸਵੀਏ) ਵਿੱਚ ਪਸ਼ੂ ਧਨ ਖੇਤਰ ਦਾ ਹਿੱਸਾ 11.1 ਫੀਸਦੀ ਸੀ।

ਸ. ਚੀਮਾ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਅਗਾਊਂ ਅਨੁਮਾਨਾਂ ਅਨੁਸਾਰ 2022-23 ਵਿੱਚ ਪੰਜਾਬ ਦੀ ਪ੍ਰਤੀ ਵਿਅਕਤੀ ਆਮਦਨ ਕੌਮੀ ਪੱਧਰ ਪੱਧਰ 'ਤੇ 1,70,620 ਰੁਪਏ ਦੇ ਮੁਕਾਬਲੇ 1,73,873 ਰੁਪਏ ਹੋਣ ਦਾ ਅੰਦਾਜ਼ਾ ਹੈ। ਉਨ੍ਹਾਂ ਕਿਹਾ ਕਿ ਰਾਜ ਦੀ ਮਹਿੰਗਾਈ ਦੇ ਅੰਕੜੇ ਵੀ ਕੁਝ ਇਕ ਮਾਮਲਿਆਂ ਨੂੰ ਛੱਡ ਕੇ ਕੌਮੀ ਪੱਧਰ ਦੇ ਅੰਕੜਿਆਂ ਨਾਲੋਂ ਘੱਟ ਰਹੇ। ਅਪ੍ਰੈਲ 2022 ਦੇ ਮਹੀਨੇ ਮਹਿੰਗਾਈ ਸਿਖਰ 'ਤੇ ਸੀ ਅਤੇ ਜੂਨ 2022 ਨੂੰ ਛੱਡ ਕੇ ਅਗਲੇ ਕੁਝ ਮਹੀਨਿਆਂ ਵਿੱਚ ਇਸ ਦਾ ਰੁੱਖ ਹੇਠਾਂ ਵੱਲ ਰਿਹਾ। ਅਕਤੂਬਰ ਵਿੱਚ ਮਹਿੰਗਾਈ 4.5 ਫੀਸਦੀ ਦੀ ਦਰ ਨਾਲ ਨਾਲ ਹੇਠਲੇ ਪੱਧਰ 'ਤੇ ਰਹੀ ਪਰ ਨਵੰਬਰ ਅਤੇ ਦਸੰਬਰ ਵਿੱਚ ਇਸਨੇ ਮੁੜ ਉੱਪਰ ਵੱਲ ਰੁਖ ਸ਼ੁਰੂ ਕੀਤਾ।

## ਪਾਕਿਸਤਾਨ ਦੇ ਕਵੇਟਾ 'ਚ ਹੋਏ ਬੰਬ ਧਮਾਕੇ ਵਿਚ 4 ਦੀ ਮੌਤ, 15 ਹੋਏ ਜ਼ਖ਼ਮੀ



ਕਵੇਟਾ, 10 ਅਪ੍ਰੈਲ (ਪੋਸਟ ਬਿਊਰੋ): ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਦੇ ਕਵੇਟਾ 'ਚ ਸੋਮਵਾਰ ਨੂੰ ਹੋਏ ਧਮਾਕੇ 'ਚ 4 ਲੋਕਾਂ ਦੀ ਮੌਤ ਹੋ ਗਈ ਅਤੇ 15 ਜ਼ਖਮੀ ਹੋ ਗਏ। ਮਰਨ ਵਾਲਿਆਂ ਵਿੱਚ ਇਕ ਬੱਚੀ ਵੀ ਸ਼ਾਮਲ ਹੈ। ਇਹ ਕਵੇਟਾ ਦੇ ਸ਼ਾਹਰਾ-ਏ-ਇਕਬਾਲ ਇਲਾਕੇ 'ਚ ਵਾਪਰਿਆ। ਇਹ ਧਮਾਕਾ ਪੁਲਿਸ ਦੀ ਗੱਡੀ ਦੇ ਕੋਲ ਹੋਇਆ। ਧਮਾਕੇ 'ਚ ਕਈ ਕਾਰਾਂ ਅਤੇ ਮੋਟਰਸਾਈਕਲਾਂ ਨੂੰ ਨੁਕਸਾਨ ਪਹੁੰਚਿਆ। ਮੀਡੀਆ ਰਿਪੋਰਟਾਂ ਅਨੁਸਾਰ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ।

ਇਸ ਤੋਂ ਪਹਿਲਾਂ ਇਸ ਸਾਲ 5 ਫਰਵਰੀ ਨੂੰ ਕਵੇਟਾ 'ਚ ਧਮਾਕਾ ਹੋਇਆ ਸੀ, ਜਿਸ 'ਚ 100 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ ਜਦਕਿ ਕਈ ਜ਼ਖਮੀ ਹੋ ਗਏ ਸਨ। ਇਹ ਧਮਾਕਾ ਕਵੇਟਾ ਪੁਲਿਸ ਹੈੱਡਕੁਆਰਟਰ ਨੇੜੇ ਹੋਇਆ। ਦਸ ਦੇਈਏ ਕਿ ਇਸ ਤੋਂ ਪਹਿਲਾਂ ਪੇਸ਼ਾਵਰ ਦੀ ਪੁਲਿਸ ਲਾਈਨ ਸਥਿਤ ਮਸਜਿਦ ਵਿੱਚ ਧਮਾਕਾ ਹੋਇਆ ਸੀ। ਇਸ ਵਿੱਚ 100 ਤੋਂ ਵੱਧ ਲੋਕ ਮਾਰੇ ਗਏ ਸਨ। ਇਸ ਤੋਂ ਇਲਾਵਾ 220 ਲੋਕ ਗੰਭੀਰ ਜ਼ਖਮੀ ਵੀ ਹੋਏ ਹਨ, ਜਿਨ੍ਹਾਂ ਦਾ ਲੇਡੀ ਰੀਡਿੰਗ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

ਫਿਦਾਈਨ ਹਮਲਾ ਕਰਨ ਵਾਲੇ ਵਿਅਕਤੀ ਨੇ ਖੁਦ ਨੂੰ ਵੀ ਉਡਾ ਲਿਆ ਸੀ। ਉਸ ਦਾ ਸਿਰ ਵੀ ਮਸਜਿਦ ਦੇ ਅਹਾਤੇ ਵਿਚ ਪਿਆ ਮਿਲਿਆ ਸੀ। ਪੇਸ਼ਾਵਰ ਦੇ ਪੁਲਿਸ ਮੁਖੀ ਮੁਹੰਮਦ ਏਜਾਜ਼ ਖਾਨ ਨੇ ਕਿਹਾ ਕਿ ਧਮਾਕੇ ਦਾ ਸ਼ਿਕਾਰ ਹੋਏ 90 ਪ੍ਰਤੀਸ਼ਤ ਤੋਂ ਵੱਧ ਪੁਲਿਸ ਵਾਲੇ ਸਨ, ਜਿਨ੍ਹਾਂ ਵਿੱਚੋਂ 300 ਤੋਂ 400 ਦੇ ਵਿਚਕਾਰ ਕੰਪਲੈਕਸ ਦੀ ਮਸਜਿਦ ਵਿੱਚ ਨਮਾਜ਼ ਲਈ ਇਕੱਠੇ ਹੋਏ ਸਨ।

## ਸਾਫਟਵੇਅਰ ਨਾਲ ਗੱਡੀ ਹੈਕ ਕਰਕੇ ਚੋਰੀ ਕਰਨ ਵਾਲੇ ਗਿਰੋਹ ਦੇ ਦੋ ਮੈਂਬਰ ਗ੍ਰਿਫਤਾਰ

ਗਾਜ਼ੀਆਬਾਦ, 10 ਅਪ੍ਰੈਲ (ਪੋਸਟ ਬਿਊਰੋ): ਦੇਸ਼ ਦੀ ਰਾਜਧਾਨੀ ਦਿੱਲੀ ਦੇ ਨਾਲ ਲੱਗਦੇ ਗਾਜ਼ੀਆਬਾਦ ਵਿੱਚ ਪੁਲਿਸ ਨੇ ਅੰਤਰਰਾਜੀ ਵਾਹਨ ਚੋਰ ਗਿਰੋਹ ਦੇ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਗਿਰੋਹ ਦੇ ਮੈਂਬਰ ਵਾਹਨ ਚੋਰੀ ਕਰਨ ਲਈ ਅਤਿ ਆਧੁਨਿਕ ਤਕਨੀਕ ਦੀ ਵਰਤੋਂ ਕਰਦੇ ਸਨ। ਚੋਰ ਵਿਸ਼ੇਸ਼ ਸਾਫਟਵੇਅਰ ਦੀ ਵਰਤੋਂ ਕਰਕੇ ਮਿੰਟਾਂ 'ਚ ਗੱਡੀ ਦਾ ਸਾਫਟਵੇਅਰ ਹੈਕ ਕਰ ਲੈਂਦੇ ਸਨ। ਇਸ ਤੋਂ ਬਾਅਦ ਉਹ ਆਪਣੀ ਚਾਬੀ ਲਗਾ ਕੇ ਬੜੀ ਆਸਾਨੀ ਨਾਲ ਕਾਰ ਲੈ ਕੇ ਭੱਜ ਜਾਂਦਾ ਸੀ।

ਦਰਅਸਲ, ਗਾਜ਼ੀਆਬਾਦ ਦੇ ਵਿਜੇਨਗਰ ਪੁਲਿਸ ਸਟੇਸ਼ਨ ਨੂੰ ਇੱਕ ਮੁਖਬਰ ਤੋਂ ਸੂਚਨਾ ਮਿਲੀ ਸੀ ਕਿ ਵਿਜੇਨਗਰ ਖੇਤਰ ਦੇ ਡੀਪੀਐਸ ਚੌਰਾਹੇ ਦੇ ਕੋਲ ਕੁਝ ਲੋਕ ਚੋਰੀ ਦੀਆਂ ਗੱਡੀਆਂ ਵੇਚਣ ਲਈ ਆ ਰਹੇ ਹਨ। ਇਸ ਤੋਂ ਬਾਅਦ ਚੋਰ ਨੂੰ ਫੜਨ ਲਈ ਪੁਲਿਸ ਦੀਆਂ ਕਈ ਟੀਮਾਂ ਬਣਾਈਆਂ ਗਈਆਂ। ਫਿਰ ਪੁਲੀਸ ਨੇ ਚਾਰੇ ਪਾਸੇ ਜਾਲ ਵਿਛਾ ਕੇ ਵਾਹਨ ਚੋਰ ਗਿਰੋਹ ਦੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ। ਪੁਲਸ ਮੁਤਾਬਕ ਗ੍ਰਿਫਤਾਰ ਕੀਤੇ ਗਏ ਲੋਕਾਂ 'ਚ ਗੌਰਵ ਅਤੇ ਉਮੇਸ਼ ਸ਼ਾਮਲ ਹਨ। ਦੋਵੇਂ ਗਾਜ਼ੀਆਬਾਦ ਦੇ ਰਹਿਣ ਵਾਲੇ ਹਨ। ਉਸ ਦਾ ਇਕ ਸਾਥੀ ਦੀਪਾਂਸ਼ੂ ਹਾਪੁੜ ਦਾ ਰਹਿਣ ਵਾਲਾ ਹੈ। ਉਹ ਅਜੇ ਫਰਾਰ ਹੈ। ਇਸ ਗਿਰੋਹ ਦੇ ਕੁਝ ਮੈਂਬਰ ਪੰਜਾਬ ਦੇ ਲੁਧਿਆਣਾ ਤੋਂ ਪੁਲਿਸ ਵਾਲੇ ਸਨ। ਇਨ੍ਹਾਂ ਕੋਲੋਂ 12 ਵਾਹਨ ਵੀ ਬਰਾਮਦ ਕੀਤੇ ਗਏ ਹਨ। ਪੁੱਛਗਿੱਛ ਦੌਰਾਨ ਗੌਰਵ ਅਤੇ ਉਮੇਸ਼ ਨੇ ਦੱਸਿਆ ਕਿ ਪਹਿਲਾਂ ਉਹ ਵਾਹਨਾਂ ਦੀ ਰੇਕੀ ਕਰਦੇ ਸਨ।

## 'ਅਸੀਂ ਵੀ ਭਾਰਤ ਵਾਂਗ ਰੂਸ ਤੋਂ ਸਸਤਾ ਕੱਚਾ ਤੇਲ ਖਰੀਦਣਾ ਚਾਹੁੰਦੇ ਸੀ': ਇਮਰਾਨ ਖਾਨ

* ਇਕ ਵਾਰ ਫਿਰ ਕੀਤੀ ਭਾਰਤ ਦੀ ਤਾਰੀਫ

ਇਸਲਾਮਾਬਾਦ, 10 ਅਪ੍ਰੈਲ (ਪੋਸਟ ਬਿਊਰੋ): ਸੱਤਾ ਗੁਆਉਣ ਤੋਂ ਬਾਅਦ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਕਾਨੂੰਨੀ ਮੁਸੀਬਤਾਂ ਵਿੱਚ ਘਿਰ ਗਏ ਹਨ। ਤੋਸ਼ਾਖਾਨਾ ਮਾਮਲੇ ਨੂੰ ਲੈ ਕੇ ਉਸ 'ਤੇ ਗ੍ਰਿਫਤਾਰੀ ਦੀ ਤਲਵਾਰ ਲਟਕ ਰਹੀ ਹੈ। ਇਸ ਦੌਰਾਨ ਇਮਰਾਨ ਨੇ ਇੱਕ ਵਾਰ ਫਿਰ ਭਾਰਤ ਦੀ ਤਾਰੀਫ ਕੀਤੀ ਹੈ।

ਭਾਰਤ ਦੀ ਵਿਦੇਸ਼ ਨੀਤੀ ਦੀ ਤਾਰੀਫ ਕਰਦੇ ਹੋਏ ਇਮਰਾਨ ਖਾਨ ਨੇ ਕਿਹਾ, 'ਅਸੀਂ (ਪਾਕਿਸਤਾਨ) ਵੀ ਭਾਰਤ ਵਾਂਗ ਰੂਸ ਤੋਂ ਸਸਤਾ ਕੱਚਾ ਤੇਲ ਖਰੀਦਣਾ ਚਾਹੁੰਦੇ ਸੀ। ਪਰ ਅਜਿਹਾ ਕਰਨ ਤੋਂ ਪਹਿਲਾਂ ਹੀ ਸਰਕਾਰ ਡਿੱਗ ਪਈ। ਪਾਕਿਸਤਾਨ ਤਹਿਰੀਕ-ਏ-ਇਨਸਾਫ ਪਾਰਟੀ (ਪੀਟੀਆਈ) ਦੇ ਮੁਖੀ ਇਮਰਾਨ ਨੇ ਰਾਸ਼ਟਰ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਰੂਸ ਤੋਂ ਕੱਚਾ ਤੇਲ ਖਰੀਦਣ ਵਾਲੇ ਸਨ ਜਦੋਂ ਬੇਭਰੋਸਗੀ ਮਤੇ ਤੋਂ ਬਾਅਦ ਸਰਕਾਰ ਡਿੱਗ ਗਈ।

ਇਹ ਪਹਿਲੀ ਵਾਰ ਨਹੀਂ ਹੈ ਕਿ ਇਮਰਾਨ ਖਾਨ ਨੇ ਖੁੱਲ੍ਹ ਕੇ ਭਾਰਤ ਦੀਆਂ ਨੀਤੀਆਂ ਦੀ ਤਾਰੀਫ ਕੀਤੀ ਹੈ। ਇਸ ਤੋਂ ਪਹਿਲਾਂ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਇਲਾਵਾ ਇਮਰਾਨ ਸਾਡੇ ਵਿਦੇਸ਼ ਮੰਤਰੀ ਡਾਕਟਰ ਐਸ ਜੈਸ਼ੰਕਰ ਦੀ ਵੀ ਖੁੱਲ੍ਹ ਕੇ ਤਾਰੀਫ ਕਰ ਚੁੱਕੇ ਹਨ। ਮਈ 2022 ਵਿੱਚ ਵੀ ਇਮਰਾਨ ਨੇ ਮੋਦੀ ਸਰਕਾਰ ਦੀ ਤਾਰੀਫ ਕੀਤੀ ਸੀ। ਉਦੋਂ ਇਮਰਾਨ ਨੇ ਕਿਹਾ ਸੀ ਕਿ ਅਮਰੀਕਾ ਦੇ ਦਬਾਅ ਨੂੰ ਦਰਕਿਨਾਰ ਕਰਦੇ ਹੋਏ ਮੋਦੀ ਸਰਕਾਰ ਨੇ ਰੂਸ ਤੋਂ ਤੇਲ ਖਰੀਦਣ ਦਾ ਫੈਸਲਾ ਕੀਤਾ, ਜੋ ਵਾਕਈ ਸ਼ਲਾਘਾਯੋਗ ਹੈ।

## ਮਧੇਪੁਰਾ 'ਚ ਅੱਗ ਲੱਗਣ ਨਾਲ ਪਸ਼ੂਆਂ ਸਮੇਤ 2 ਲੜਕੀਆਂ ਝੁਲਸੀਆਂ, 12 ਘਰ ਵੀ ਸੜੇ



ਮਧੇਪੁਰਾ, 10 ਅਪ੍ਰੈਲ (ਪੋਸਟ ਬਿਊਰੋ): ਬਿਹਾਰ ਦੇ ਮਧੇਪੁਰਾ 'ਚ ਅੱਗ ਲੱਗਣ ਕਾਰਨ 12 ਘਰ ਸੜ ਕੇ ਸੁਆਹ ਹੋ ਗਏ, ਜਦਕਿ ਇਕ ਔਰਤ ਅਤੇ ਦੋ ਲੜਕੀਆਂ ਵੀ ਝੁਲਸ ਗਈਆਂ। ਤਿੰਨਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਇਸ ਅੱਗ ਵਿੱਚ ਇੱਕ ਘਰ ਵਿੱਚ ਰੱਖੀ ਪ੍ਰਧਾਨ ਮੰਤਰੀ ਆਵਾਸ ਯੋਜਨਾ ਦੀ 1 ਲੱਖ 80 ਹਜ਼ਾਰ ਦੀ ਨਕਦੀ ਵੀ ਸੜ ਗਈ।

ਘਟਨਾ ਸ਼ੰਕਰਪੁਰ ਥਾਣਾ ਖੇਤਰ ਦੇ ਬਾਘਲਾ ਪਿੰਡ ਦੀ ਹੈ। ਪਿੰਡ ਵਿੱਚ ਸੋਮਵਾਰ ਦੁਪਹਿਰ ਨੂੰ ਅਚਾਨਕ ਅੱਗ ਲੱਗਣ ਕਾਰਨ 12 ਘਰ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਏ। ਇਸ ਤੋਂ ਬਾਅਦ 13 ਪਰਿਵਾਰਾਂ ਦੇ ਸਿਰਾਂ ਤੋਂ ਛੱਤ ਖੁੰਝ ਗਈ। ਇੰਨਾ ਹੀ ਨਹੀਂ ਇਸ ਦੌਰਾਨ ਘਰ 'ਚ ਰੱਖਿਆ ਸਾਮਾਨ ਵੀ ਸੁਆਹ ਹੋ ਗਿਆ। ਦੱਸਿਆ ਜਾ ਰਿਹਾ ਹੈ ਕਿ ਦੁਪਹਿਰ ਸਮੇਂ ਘਰ 'ਚ ਅਚਾਨਕ ਅੱਗ ਲੱਗ ਗਈ। ਅੱਗ ਨੇ ਇੰਨਾ ਭਿਆਨਕ ਰੂਪ ਧਾਰਨ ਕਰ ਲਿਆ ਕਿ ਲੋਕਾਂ ਨੂੰ ਆਪਣਾ ਸਮਾਨ ਅਤੇ ਪੈਸੇ ਕੱਢਣ ਦਾ ਸਮਾਂ ਵੀ ਨਹੀਂ ਮਿਲਿਆ।

ਇਸ ਅੱਗ 'ਚ ਅਨਾਜ, ਭਾਂਡੇ, ਕੱਪੜਿਆਂ ਦੇ ਨਾਲ-ਨਾਲ ਪਸ਼ੂ ਵੀ ਸੜ ਗਏ, ਜਦਕਿ ਇਕ ਔਰਤ ਅਤੇ ਦੋ ਲੜਕੀਆਂ ਵੀ ਸੜ ਗਈਆਂ। ਜਦੋਂ ਤੱਕ ਫਾਇਰ ਬ੍ਰਿਗੇਡ ਦੀ ਗੱਡੀ ਮੌਕੇ 'ਤੇ ਪਹੁੰਚੀ, ਉਦੋਂ ਤੱਕ ਸਾਰਾ ਕੁਝ ਸੁਆਹ ਹੋ ਚੁੱਕਾ ਸੀ।

ਇਕ ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਇਸ ਅੱਗ ਦਾ ਸ਼ਿਕਾਰ ਹੋਈਆਂ ਵਿਮਲਾ ਦੇਵੀ, ਸੁਨੀਤਾ ਦੇਵੀ, ਰਿੰਕੂ ਦੇਵੀ, ਪਿੰਕੀ ਦੇਵੀ, ਰੇਣੂ ਦੇਵੀ, ਅਰਚਨਾ ਦੇਵੀ, ਪਿੰਕੀ ਦੇਵੀ, ਸੁਨੀਤਾ ਦੇਵੀ, ਪੂਜਾ ਕੁਮਾਰੀ, ਮਾਨਕੀ ਦੇਵੀ, ਮਮਤਾ ਦੇਵੀ, ਲਲਿਤਾ ਦੇਵੀ, ਮਨੀਸ਼ਾ ਕੁਮਾਰੀ ਨੇ ਦੱਸਿਆ ਕਿ ਸਭ ਕੁਝ ਖਤਮ ਹੋ ਗਿਆ ਹੈ।










